# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ.ਸਿੱ.) ਤਰਨ ਤਾਰਨ

ਪੱਤਰ ਨੰ. ਸਸਅ/2021/ਆਰ.ਟੀ.ਈ.-3928 ਮਿਤੀ: 12/03/2021

ਵੱਲ

ਮੈਨੇਜਰ

ਮਾਝਾ ਪਬਲਿਕ ਸਕੂਲ,

ਅਲਾਦੀਨਪੁਰ,

ਤਰਨ ਤਾਰਨ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉਪ ਨਿਯਮ 11 ਦੇ ਉਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਮਾਝਾ ਪਬਲਿਕ ਸਕੂਲ ਅਲਾਦੀਨਪੁਰ ਨੂੰ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਅਤੇ ਪੰਜਾਬ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਅਧੀਨ, ਨਿਰੀਖਕ ਅਧਿਕਾਰੀਆਂ ਪਾਸੋਂ ਪ੍ਰਾਪਤ ਰਿਪੋਰਟ ਦੇ ਆਧਾਰ ਤੇ ਜਮਾਤ ਪ੍ਰੀ-ਪ੍ਰਾਇਮਰੀ ਤੋਂ ਜਮਾਤ ਅੱਠਵੀਂ ਤੱਕ ਹੇਠ ਲਿਖੀਆਂ ਸ਼ਰਤਾਂ ਤਹਿਤ ਤਿੰਨ ਸਾਲ ਲਈ ਮਾਨਤਾ ਦਿੱਤੀ ਜਾਂਦੀ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009(ਸਾਰਣੀ-1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ-2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿਚ (ਜਾਂ ਪੂਰਵ ਸਕੂਲ ਜਮਾਤ ਜੇ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰ੍ਹਾ 3 ਵਿਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ / ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪ੍ਰਸਤ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ:-

   ੳ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

   ਅ. ਹਰ ਇਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

   ੲ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ।

Scanned with CamScanner

ਸ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।

ਹ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ।

ਕ. ਅਧਿਆਪਕ ਆਪਣੇ-ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸਰੂਫ ਨਹੀ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰੇਗਾ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਿਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

9. ਸਕੂਲ ਦੇ ਇਸ ਨਾਮ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ-ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ, ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤੇ ਜਾਣੇ ਚਾਹੀਦੇ ਹਨ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੇਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਨੀ ਦੀ ਇਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ (ਐ.ਸਿ.) ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ **ਆਰ.ਟੀ.ਈ.ਤਰਨ ਤਾਰਨ-21080128** ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ-ਸਮੇਂ ਤੇ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮ-ਕਾਜ ਵਿਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾ ਦੀ ਰਜਿਸਟ੍ਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

17. ਸਕੂਲ **THE PUNJAB REGULATION OF FEE OF UNAIDED EDUCATIONAL INSTITUTIONS BILL, 2016** ਦੀ ਪਾਲਣਾ ਦਾ ਪਾਬੰਦ ਰਹੇਗਾ।

18. ਸਕੂਲ/ਸੰਸਥਾ ਆਰ.ਟੀ.ਈ. ਐਕਟ 2009 ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਦ ਹੋਵੇਗਾ। ਜੇਕਰ ਸਕੂਲ/ਸੰਸਥਾ ਆਰ.ਟੀ.ਈ. ਐਕਟ ਦੇ ਕਿਸੇ ਵੀ ਧਾਰਾ/ਨਿਯਮ ਜਾਂ ਵਿਭਾਗ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ।

Sushil Kumar

ਜਿਲ੍ਹਾ ਸਿੱਖਿਆ ਅਫਸਰ (ਐ.ਸਿ.),
ਤਰਨ ਤਾਰਨ।

Scanned with CamScanner